# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ :08-04-2026

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪੀ.ਐੱਮ. ਮੁਦਰਾ ਯੋਜਨਾ, ਨੌਜਵਾਨਾਂ ਵਿੱਚ ਸਵੈ-ਰੋਜ਼ਗਾਰ ਨੂੰ ਉਤਸ਼ਾਹਤ ਕਰਨ ਵਿੱਚ ਬਹੁਤ ਲਾਭਕਾਰੀ ਸਾਬਤ ਹੋਈ ਏ। 2015 ਵਿੱਚ ਸ਼ੁਰੂ ਹੋਈ ਇਸ ਯੋਜਨਾ ਨੇ ਅੱਜ 11 ਸਾਲ ਪੂਰੇ ਕਰ ਲਏ ਨੇ। ਇਕ ਸੋਸ਼ਲ ਮੀਡੀਆ ਪੋਸਟ ਵਿੱਚ ਸ਼੍ਰੀ ਮੋਦੀ ਨੇ ਕਿਹਾ ਕਿ ਇਸ ਯੋਜਨਾ ਦੀ ਸਫਲਤਾ ਨੇ ਇਹ ਸਾਬਤ ਕਰ ਦਿੱਤਾ ਏ ਕਿ ਜਦੋਂ ਲੋਕਾਂ ਨੂੰ ਸਹੀ ਮੌਕੇ ਮਿਲਦੇ ਨੇ ਤਾਂ ਉਹ ਸਵੈ-ਨਿਰਭਰ ਬਣਦੇ ਨੇ ਅਤੇ ਰਾਸ਼ਟਰ ਦੀ ਪ੍ਰਗਤੀ ਵਿੱਚ ਅਹਿਮ ਯੋਗਦਾਨ ਪਾਉਂਦੇ ਨੇ। ਉਨ੍ਹਾਂ ਕਿਹਾ ਕਿ ਪੀਐੱਮ ਮੁਦਰਾ ਯੋਜਨਾ ਨੇ ਲੱਖਾਂ ਲੋਕਾਂ ਨੂੰ ਸੁਪਨੇ ਦੇਖਣ ਦਾ ਆਤਮ-ਵਿਸ਼ਵਾਸ ਦਿੱਤਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਕਈ ਰੁਕਾਵਟਾਂ ਨੂੰ ਦੂਰ ਕਰ ਕੇ ਇਸ ਯੋਜਨਾ ਨੇ ਪੂਰੇ ਦੇਸ਼ ਵਿੱਚ ਉੱਦਮਸ਼ੀਲਤਾ ਦੀ ਭਾਵਨਾ ਨੂੰ ਮਜ਼ਬੂਤ ਕੀਤਾ ਏ।

ਇਸ ਬਾਰੇ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਾਮਨ ਨੇ ਕਿਹਾ ਏ ਕਿ ਇਸ ਯੋਜਨਾ ਨੇ ਦੇਸ਼ ਵਿੱਚ ਬਹੁਤ ਛੋਟੇ, ਛੋਟੇ ਅਤੇ ਦਰਮਿਆਨੇ ਉੱਦਮਾਂ ਤੇ ਅਣਗਿਣਤ ਨਿੱਜੀ ਉੱਦਮੀਆਂ ਲਈ ਕਰਜਾ ਪ੍ਰਬੰਧ ਨੂੰ ਨਵਾਂ ਰੂਪ ਦੇਣ ਵਿੱਚ ਅਹਿਮ ਭੂਮਿਕਾ ਨਿਭਾਈ ਏ।

-----------------------------------------------------------

ਪੰਜਾਬ ਵਿੱਚ ਪਿਛਲੇ ਕਈ ਦਿਨਾਂ ਤੋਂ ਜਾਰੀ ਖਰਾਬ ਮੌਸਮ ਕਾਰਨ ਖੇਤਾਂ ਵਿੱਚ ਖੜ੍ਹੀਆਂ ਫ਼ਸਲਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ, ਸੂਬਾ ਸਰਕਾਰ ਨੇ ਖੇਤੀਬਾੜੀ ਵਿਭਾਗ ਦੇ 500 ਅਧਿਕਾਰੀਆਂ ਦੀਆਂ ਟੀਮਾਂ ਗਠਿਤ ਕੀਤੀਆਂ ਨੇ । ਇਨ੍ਹਾਂ ਟੀਮਾਂ ਨੂੰ ਸਖ਼ਤ ਹਦਾਇਤਾਂ ਕੀਤੀਆਂ ਗਈਆਂ ਨੇ ਕਿ ਉਹ ਮਾਲ ਮਹਿਕਮੇ ਨਾਲ ਨੇੜਿਓਂ ਤਾਲਮੇਲ ਰੱਖ ਕੇ ਕੰਮ ਕਰਨ, ਤਾਂ ਜੋ ਪ੍ਰਭਾਵਿਤ ਕਿਸਾਨਾਂ ਨੂੰ ਜਲਦੀ ਰਾਹਤ ਲਈ ਖਾਸ ਗਿਰਦਾਵਰੀ ਨੂੰ ਸੁਚਾਰੂ ਢੰਗ ਨਾਲ ਲਾਗੂ ਕੀਤਾ ਜਾ ਸਕੇ। ਰਿਪੋਰਟਾਂ ਮੁਤਾਬਕ ਹੁਣੇ ਜਿਹੇ ਪਈ ਬਾਰਸ਼ ਅਤੇ ਗੜੇਮਾਰੀ ਨਾਲ 1 ਲੱਖ 35 ਹਜ਼ਾਰ ਏਕੜ ਤੋਂ ਵੱਧ ਰਕਬੇ ਵਿੱਚ ਕਣਕ ਦੀ ਫ਼ਸਲ ਨੁਕਸਾਈ ਗਈ ਏ ਅਤੇ ਖਾਸਕਰ ਅੰਮ੍ਰਿਤਸਰ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਬਠਿੰਡਾ, ਮਾਨਸਾ, ਫਿਰੋਜ਼ਪੁਰ ਅਤੇ ਮੋਗਾ ਸਮੇਤ 7 ਜ਼ਿਲ੍ਹਿਆਂ ਵਿੱਚ ਜ਼ਿਆਦਾ ਨੁਕਸਾਨ ਹੋਇਆ ਏ। ਇਸ

ਲਈ ਅਧਿਕਾਰੀਆਂ ਨੂੰ ਕਿਸਾਨ ਭਾਈਚਾਰੇ ਨਾਲ ਲਗਾਤਾਰ ਸੰਪਰਕ ਬਣਾਈ ਰੱਖਣ ਅਤੇ ਬਾਕੀ ਫ਼ਸਲਾਂ ਬਚਾਉਣ ਲਈ ਜਿੱਥੇ ਲੋੜ ਹੋਵੇ, ਉੱਥੇ ਤਕਨੀਕੀ ਮਾਰਗਦਰਸ਼ਨ ਕਰਨ ਦੀ ਹਦਾਇਤ ਵੀ ਕੀਤੀ ਗਈ ਏ।

---------------------------------------------------------------------------

ਪੰਜਾਬ ਦੇ ਸਿੱਖਿਆ ਵਿਭਾਗ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਉਨ੍ਹਾਂ ਵਿਦਿਆਰਥੀਆਂ ਨੂੰ ਬੋਰਡ ਪ੍ਰੀਖਿਆਵਾਂ ਵਿੱਚ ਬੈਠਣ ਦਾ ਇੱਕ ਸੁਨਹਿਰੀ ਮੌਕਾ ਦਿੱਤਾ ਏ, ਜਿਹੜੇ ਕਿ ਮਾਰਚ 2010 ਤੋਂ ਹੁਣ ਤੱਕ 10ਵੀਂ ਅਤੇ 12ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਪਾਸ ਕਰਨ ਵਿੱਚ ਅਸਫਲ ਰਹੇ ਸਨ। ਇਹ ਫੈਸਲਾ 9ਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸਦੀਵੀ ਵਿਰਾਸਤ ਨੂੰ ਨਿਮਰ ਸ਼ਰਧਾਂਜਲੀ ਵਜੋਂ ਕੀਤਾ ਗਿਆ ਏ, ਜਿਨ੍ਹਾਂ ਦਾ 350ਵਾਂ ਸ਼ਹੀਦੀ ਯਾਦਗਾਰੀ ਵਰ੍ਹਾ ਹੁਣ ਮਨਾਇਆ ਜਾ ਰਿਹਾ ਏ।

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਏ ਕਿ ਪ੍ਰੀਖਿਆਵਾਂ ਵਿੱਚ ਬੈਠਣ ਲਈ ਆਨਲਾਈਨ ਰਜਿਸਟ੍ਰੇਸ਼ਨ ਪ੍ਰਕਿਰਿਆ ਆਉਂਦੀ 27 ਅਪ੍ਰੈਲ ਨੂੰ ਸ਼ੁਰੂ ਹੋਵੇਗੀ। ਪ੍ਰੀਖਿਆਵਾਂ ਆਉਂਦੀ 15 ਜੁਲਾਈ ਤੋਂ ਸ਼ੁਰੂ ਹੋਣਗੀਆਂ। ਇਸ ਬਾਰੇ ਵਿਸ਼ਾ-ਵਾਰ ਸਿਲੇਬਸ ਤੇ ਸਿੱਧਾ ਅਰਜ਼ੀ

ਲਿੰਕ ਸਿੱਖਿਆ ਬੋਰਡ ਦੀ ਅਧਿਕਾਰਤ ਵੈੱਬਸਾਈਟ 'ਤੇ ਜਲਦੀ ਮੁਹੱਈਆ ਹੋਵੇਗਾ। ਕਿਸੇ ਵੀ ਪੁੱਛ-ਪੜਤਾਲ ਲਈ ਜ਼ਿਲ੍ਹਾ ਸਿੱਖਿਆ ਦਫਤਰਾਂ ਨਾਲ ਸੰਪਰਕ ਕੀਤਾ ਜਾ ਸਕਦਾ ਏ।

---------------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਏ ਕਿ ਆਬਕਾਰੀ ਤੇ ਕਰ ਵਿਭਾਗ ਨੇ ਵਿੱਤੀ ਸਾਲ 2025-26 ਲਈ ਆਬਕਾਰੀ ਨੀਤੀ ਦੇ ਉਪਾਆਂ ਅਤੇ ਬਿਹਤਰ ਕਾਰਜ ਪ੍ਰਣਾਲੀ ਦੀ ਸਫਲਤਾ ਨੂੰ ਦੁਹਰਾਉਂਦਿਆਂ ਮਾਲੀਆ ਵਸੂਲੀ ਵਿਚ ਅਹਿਮ ਮੀਲ-ਪੱਥਰ ਹਾਸਿਲ ਕੀਤਾ ਏ। ਉਨ੍ਹਾਂ ਕਿਹਾ ਕਿ 11 ਹਜਾਰ 200 ਕਰੋੜ ਰੁਪੇਏ ਦੇ ਸੋਧੇ ਹੋਏ ਆਬਕਾਰੀ ਮਾਲੀਆ ਟੀਚੇ ਦੇ ਮੁਕਾਬਲੇ, ਵਿਭਾਗ ਨੇ 31 ਮਾਰਚ 2026 ਤੱਕ, 11 ਹਜਾਰ 782 ਕਰੋੜ ਰਪਏ ਪ੍ਰਾਪਤ ਕੀਤੇ ਨੇ ਜੋ ਕਿ ਟੀਚੇ ਤੋਂ 582 ਕਰੋੜ ਰੁਪਏ ਨੇ। ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ ਆਬਕਾਰੀ ਮਾਲੀਆ ਲਗਭਗ ਦੁੱਗਣਾ ਹੋ ਗਿਆ ਏ, ਜਿਹੜਾ ਕਿ 6 ਹਜਾਰ 254 ਕਰੋੜ 84 ਲੱਖ ਰੁਪਏ ਤੋਂ ਵੱਧ ਕੇ 11 ਹਜਾਰ 782 ਕਰੋੜ ਰੁਪਏ ਦਰਜ ਕੀਤਾ ਗਿਆ ਏ।

---------------------------------------------------------------

ਪੰਜਾਬ ਪੁਲਿਸ ਨੇ ਕੱਲ੍ਹ ਸ਼ਾਮ ਕਪੂਰਥਲਾ ਵਿੱਚ ਇਕ ਤੇਜ਼ ਰਫ਼ਤਾਰ ਵਾਹਨ ਦਾ ਪਿੱਛਾ ਕਰਨ ਤੋਂ ਬਾਅਦ ਇੱਕ ਔਰਤ ਸਮੇਤ ਚਾਰ

ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ। ਇਨ੍ਹਾਂ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ 16 ਕਿੱਲੋ ਤੋਂ ਵੱਧ ਹੈਰੋਇਨ ਬਰਾਮਦ ਹੋਈ, ਜਿਸ ਨੂੰ ਚੰਡੀਗੜ੍ਹ ਪਹੁੰਚਾਇਆ ਜਾਣਾ ਸੀ। ਪੁਲਿਸ ਸੂਤਰਾਂ ਮੁਤਾਬਕ ਇਹ ਮੁਲਜ਼ਮ ਪਾਕਿਸਤਾਨ ਤੇ ਦੁਬਈ ਵਿੱਚ ਬੈਠੇ ਹੈਂਡਲਰਾਂ ਦੇ ਇਸ਼ਾਰੇ ’ਤੇ ਨਸ਼ਿਆਂ ਦੀ ਤਸਕਰੀ ਕਰਦੇ ਸਨ। ਜ਼ਬਤ ਕੀਤੀ ਗਈ ਖੇਪ ਅੰਮ੍ਰਿਤਸਰ ਦੇ ਸਰਹੱਦੀ ਇਲਾਕੇ ਤੋਂ ਲਿਆਂਦੀ ਗਈ ਸੀ।

--------------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਪੀ.ਆਰ.ਟੀ.ਸੀ. ਡਿਪੂ ਬਠਿੰਡਾ ਵਿਚ ਤਾਇਨਾਤ ਕੰਡਕਟਰ ਨਰਿੰਦਰ ਸਿੰਘ ਨੂੰ 20,000 ਰੁਪਏ ਰਿਸ਼ਵਤ ਮੰਗਣ ਦੇ ਦੋਸ਼ ਹੇਠ ਕੱਲ੍ਹ ਗ੍ਰਿਫ਼ਤਾਰ ਕੀਤਾ ਏ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਮੁਲਜ਼ਮ ਕੰਡਕਟਰ ਨੂੰ ਬਠਿੰਡਾ ਦੇ ਵਸਨੀਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ ’ਤੇ ਗ੍ਰਿਫ਼ਤਾਰ ਕੀਤਾ ਗਿਆ ਏ। ਸ਼ਿਕਾਇਤਕਰਤਾ ਪੀ.ਆਰ.ਟੀ.ਸੀ. ਵਿੱਚ ਡਰਾਈਵਰ ਵਜੋਂ ਕੰਮ ਕਰਦਾ ਏ ਅਤੇ ਆਪਣਾ ਬੱਸ ਰੂਟ ਬਦਲਾਉਣਾ ਚਾਹੁੰਦਾ ਸੀ। ਇਸ ਸਬੰਧ ਵਿੱਚ ਸਹਿ-ਮੁਲਜ਼ਮ ਫਿਟਰ ਇੰਚਾਰਜ ਕੇਵਲ ਕ੍ਰਿਸ਼ਨ ਦੀ ਭਾਲ ਲਈ ਛਾਪਾਮਾਰੀ ਜਾਰੀ ਏ।

--------------------------------------------------------------------

IPL ਕ੍ਰਿਕਟ ਵਿੱਚ, ਅੱਜ ਦਿੱਲੀ ਦੇ ਅਰੁਣ ਜੇਤਲੀ ਸਟੇਡੀਅਮ ਵਿੱਚ ਦਿੱਲੀ ਕੈਪੀਟਲਜ਼ ਦਾ ਮੁਕਾਬਲਾ ਗੁਜਰਾਤ ਟਾਈਟਨਜ਼ ਨਾਲ ਹੋਵੇਗਾ। ਇਹ ਮੈਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ।